# ਪਾਂਡੀ ਪਾਤਸ਼ਾਹ



ਵਿਧਾਤਾ ਸਿੰਘ ਤੀਰ

www.archive.org/details/namdhari

ਵਿਧਾਤਾ ਸਿੰਘ ਤੀਰ (1901-1972) ਦਾ ਜਨਮ ਪਿੰਡ ਘਗਰੋਟ ਜਿਲ੍ਹਾ ਰਾਵਲਪਿੰਡੀ ਵਿਚ ਆਪਣੇ ਨਾਨਕੇ ਘਰ ਹੋਇਆ । ਉਨ੍ਹਾਂ ਦੇ ਪਿਤਾ ਜੀ ਦਾ ਨਾਂ ਸਰਦਾਰ ਹੀਰਾ ਸਿੰਘ ਪੁੰਜ ਸੀ । ਪੰਜਾਬੀ ਲੇਖਕ ਗਿਆਨੀ ਹੀਰਾ ਸਿੰਘ ਦਰਦ ਆਪਦੇ ਮਾਮਾ ਜੀ ਸਨ । ਉਨ੍ਹਾਂ ਨੇ ਮੁਢਲੀ ਸਿਖਿਆ ਆਪਣੇ ਮਾਮਾ ਜੀ ਕੋਲੋਂ ਹੀ ਹੀ ਪ੍ਰਾਪਤ ਕੀਤੀ ।ਉਨ੍ਹਾਂ ਦੀ ਕਵਿਤਾ ਦੇ ਵਿਸ਼ੇ ਦੇਸ਼ ਪਿਆਰ, ਧਾਰਮਿਕ ਅਤੇ ਸਮਾਜਿਕ ਵਧੇਰੇ ਹਨ ।

ਉਨ੍ਹਾਂ ਦੀਆਂ ਪ੍ਰਮੁੱਖ ਕਾਵਿਕ ਰਚਨਾਵਾਂ ਅਣਿਆਲੇ ਤੀਰ,

ਨਵੇਂ ਨਿਸ਼ਾਨੇ,

ਕਾਲ ਕੂਕਾਂ,

ਮਿੱਠੇ ਮੇਵੇ,

ਗੁੰਗੇ ਗੀਤ,

ਦਸ਼ਮੇਸ਼ ਦਰਸ਼ਨ ਅਤੇ

ਰੂਪ ਰਾਣੀ ਸ਼ਕੁੰਤਲਾ ਆਦਿ ਸਨ।

ਅੱਜ ਉਨ੍ਹਾਂ ਦੀ 48ਵੀਂ ਬਰਸੀ ਹੈ। ਉਨ੍ਹਾਂ ਦੀ ਜਗਤ ਪ੍ਰਸਿੱਧ ਕਵਿਤਾ ਪੜ੍ਹੋ।

www.archive.org/details/namdhari

# ਪਾਂਡੀ ਪਾਤਸ਼ਾਹ

ਵਿਧਾਤਾ ਸਿੰਘ ਤੀਰ

ਕੋਈ ਰੋਕੇ ਬਲਾ ਕਿਵੇਂ, ਸਾਹਿਬ ਦੇ ਭਾਣੇ ਨੂੰ ।
ਇਕ ਵੇਲਾ ਐਸਾ ਵੀ, ਆਇਆ ਇਸ ਧਰਤੀ ਤੇ ।
ਦਾਤਾ ਵੀ ਸਹਿਕ ਗਿਆ, ਜਦ ਇੱਕ ਇੱਕ ਦਾਣੇ ਨੂੰ ।

ਭੁੱਖੇ ਬਘਿਆੜ ਜਿਉਂ, ਆ ਭੁੱਖਾ ਕਾਲ ਪਿਆ ।
ਧਰਤ ਇਹ ਭਾਗ ਭਰੀ, ਪੰਜਾਂ ਦਰਿਆਵਾਂ ਦੀ ।
ਮੂੰਹ ਆਈ ਆਫ਼ਤ ਦੇ, ਕੋਈ ਉਲਟਾ ਫਾਲ ਪਿਆ ।

ਮੁਟਿਆਰਾਂ ਕੁੜੀਆਂ ਸਭ, ਪੂਣੀ ਰੰਗ ਹੋ ਗਈਆਂ ।
ਪਿਤ ਪੈ ਗਏ ਭੋਖੋਂ ਦੇ, ਸਭ ਛੈਲ ਜਵਾਨਾਂ ਨੂੰ ।
ਰੱਤਾਂ ਵਿੱਚ ਨਾੜਾਂ ਦੇ, ਸੁੱਕੀਆਂ ਤੇ ਖਲੋ ਗਈਆਂ ।

ਬੁੱਢਿਆਂ ਦਾ ਹਾਲ ਬੁਰਾ, ਗਭਰੂ ਵੀ ਝੁਕ ਗਏ ਸਨ ।
ਨਾ ਪੇਟ ਪਿਆ ਝੁਲਕਾ, ਨਾ ਭੁੱਖ ਦੀ ਅੱਗ ਬੁੱਝੀ ।
ਮਾਵਾਂ ਦੀ ਛਾਤੀ ਚੋਂ, ਦੁੱਧ ਸੜ ਸੜ ਸੁੱਕ ਗਏ ਸਨ ।

ਕਈ ਹੀਰੇ ਮਾਵਾਂ ਦੇ, ਲੱਖ ਤਰਲੇ ਕਰਨ ਲੱਗੇ ।
ਚੁੰਘ ਚੁੰਘ ਕੇ ਥਣ ਸੁੱਕੇ, ਲੈ ਲੈ ਕੇ ਵਿਲਕਣੀਆਂ ।
ਜਦ ਜੀਵਣ ਜੋਗੇ ਵੀ, ਲੁਛ ਲੁਛ ਕੇ ਮਰਨ ਲੱਗੇ ।

ਪੰਜਾਬ ਦੇ ਰਾਜੇ ਤੋਂ, 'ਰਣਜੀਤ' ਪਿਆਰੇ ਤੋਂ ।
ਇਹ ਝਾਕੀ ਦਰਦਾਂ ਦੀ, ਤਦ ਗਈ ਸਹਾਰੀ ਨਾ ।
ਦੁਖੀਆਂ ਦੇ ਦਰਦੀ ਤੋਂ, ਲਿਸਿਆਂ ਦੇ ਸਹਾਰੇ ਤੋਂ ।

ਢੰਢੋਰਾ ਦੇ ਦਿੱਤਾ, ਹੋਕਾ ਫਿਰਵਾ ਦਿੱਤਾ ।
ਪਤਨਾਂ, ਚੌਰਾਹਿਆਂ ਤੇ, ਸ਼ਾਹੀ ਦਰਵਾਜੇ ਤੇ ।
ਇਹ ਮੋਟੇ ਅੱਖਰਾਂ ਵਿੱਚ, ਲਿਖ ਕੇ ਲਗਵਾ ਦਿੱਤਾ ।

"ਰਾਜਾ ਤਾਂ 'ਰਾਖਾ ਹੈ', 'ਭੰਡਾਰਾ ਪਰਜਾ ਦਾ' ।
ਤੜਕੇ ਤੋਂ ਸ਼ਾਮਾਂ ਤੱਕ, ਦਰਵਾਜੇ ਖੁਲ੍ਹੇ ਹਨ ।
ਅੰਨ ਹਰ ਕੋਈ ਲੈ ਜਾਵੇ, ਹੈ ਸਾਰਾ ਪਰਜਾ ਦਾ ।

ਇਕ ਵਾਰੀ ਜਿਤਨੇ ਵੀ, ਕੋਈ ਚਾ ਕੇ ਲੈ ਜਾਵੇ ।
ਹਿੰਦੂ ਸਿੱਖ ਮੁਸਲਮ ਦਾ, ਕੋਈ ਖਾਸ ਮੁਲਾਹਜਾ ਨਹੀਂ ।
ਹੈ ਜਿਸ ਨੂੰ ਲੋੜ ਬਣੀ, ਉਹ ਆ ਕੇ ਲੈ ਜਾਵੇ ।"

ਸੁੰਵੇ ਜਿਹੇ ਕੂਚੇ ਵਿੱਚ, ਲਾਹੌਰ ਦੀ ਵਾਸੀ ਵਿੱਚ ।
ਇਕ ਮੋਚੀ-ਬੱਚੜੇ ਦੀ, ਕੰਨੀਂ ਇਹ ਭਿਣਕ ਪਈ ।
ਇਕ 'ਆਸਾ' ਚਮਕ ਪਈ ਝਟ ਆਣ 'ਉਦਾਸੀ' ਵਿੱਚ ।

ਝਟ ਬੂਹਿਓਂ ਅੰਦਰ ਹੋ, ਦਾਦੇ ਦੁਖਿਆਰੇ ਨੂੰ ।
ਇਉਂ ਪੋਤਾ ਕਹਿਣ ਲੱਗਾ, ਢਿਡ ਉੱਤੇ ਹਥ ਧਰ ਕੇ ।
ਭੁੱਖਾਂ ਦੇ ਰੁਲਾਏ ਨੂੰ, ਵਖਤਾਂ ਦੇ ਮਾਰੇ ਨੂੰ ।

www.archive.org/details/namdhari

"ਬਾਬਾ ਦੀ 'ਲਾਦੇ' ਦਾ, ਤਹਿ ਦਿਆ 'ਪਛਾਈ' ਏ ।
ਲਾਦੇ ਦੇ ਮਹਿਲਾਂ ਤੋਂ, ਛਬ ਦਾਣੇ ਲੈ ਆਵੋ ।
ਉਥੇ ਤੋਈ ਧਾਟਾ ਨਹੀਂ, ਅਦ ਬੇ ਪਲਵਾਹੀ ਏ ।

ਜੇ ਮੇਲੇ ਨਾਲ ਤਲੋ, ਦਾਣੇ ਲੈ ਆਵਾਂ ਦੇ ।
ਦੰਦੋਰੀ ਉਲ੍ਹੇ ਕਲੋ, ਮੈਂ ਫਲਕੇ ਤੁਲਦਾ ਹਾਂ ।
ਜੇ ਤਲ ਤੇ ਲੈ ਆਈਏ, ਲਜ ਲਜ ਤੇ ਥਾਵਾਂ ਦੇ ।"

ਸੁਣ ਬੁੱਢੜੇ ਮੋਚੀ ਨੂੰ ਲਗ ਸੀਨੇ ਤੀਰ ਗਿਆ ।
ਪੋਤੇ ਦੀਆਂ ਲਾਡਲੀਆਂ, ਥਥੀਆਂ ਤੇ ਤੋਤਲੀਆਂ ।
ਘਾ ਦਿਲ ਤੇ ਕਰ ਗਈਆਂ, ਨੈਣਾਂ ਚੋਂ ਨੀਰ ਗਿਆ ।

ਤੱਕ ਹਿੰਮਤ ਅਪਣੀ ਨੂੰ, ਪਹਿਲੇ ਤਾਂ ਝੁਰਿਆ ਉਹ,
ਪਰ ਆਜਜ਼ ਪੋਤੇ ਦੀ, ਭੁਖ ਜਿੰਦ ਨੂੰ ਖਾਂਦੀ ਸੀ ।
ਹਥਾਂ ਚਿ ਡੰਗੋਰੀ ਲੈ, ਲੱਕ ਬੰਨ੍ਹ ਕੇ ਟੁਰਿਆ ਉਹ ।

ਹਿਚਕੋਲੇ ਖਾਂਦਾ ਉਹ, ਇਉਂ ਜੀਉਂਦਾ ਮਰਦਾ ਉਹ ।
ਪੋਤੇ ਨੂੰ ਨਾਲ ਲਈ, ਡੰਗੋਰੀ ਫੜੀ ਹੋਈ ।
ਪੁਜ ਪਿਆ ਭੰਡਾਰੇ ਤੇ, ਲੱਖ ਤਰਲੇ ਕਰਦਾ ਉਹ ।

ਘਿਗਿਆਈ ਬੋਲੀ ਵਿੱਚ, ਉਸ ਅਰਜ਼ ਸੁਣਾ ਦਿੱਤੀ ।
ਜਾ ਕੋਲ ਭੰਡਾਰੀ ਦੇ, ਮਾਰੇ ਲਾਚਾਰੀ ਦੇ ।
ਮੈਲੀ ਜਿਹੀ ਚਾਦਰ ਇਕ, ਚੁਪ ਚਾਪ ਵਿਛਾ ਦਿੱਤੀ ।

ਦਰਦੀ ਭੰਡਾਰੀ ਨੇ, ਝਟ ਚਾਦਰ ਭਰ ਦਿੱਤੀ ।
ਉਸ ਦਰਦ ਰੰਵਾਣੇ ਦੀ, ਉਸ ਭੁੱਖਣ ਭਾਣੇ ਦੀ ।
ਆਸਾ ਜੋ ਦਿਲ ਦੀ ਸੀ, ਝਟ ਪੂਰੀ ਕਰ ਦਿੱਤੀ ।

ਪਰ ਪੰਡ ਜੋ ਬੰਨ੍ਹ ਧਰੀ, ਸੀ ਦੋ ਮਣ ਭਾਰੀ ਉਹ ।
ਇੱਕ ਬਾਲ ਅੰਞਾਣਾ ਸੀ, ਇੱਕ ਬਾਬਾ ਬੁੱਢੜਾ ਸੀ ।
ਪੰਡ ਚੁੱਕਦਾ ਕੌਣ ਭਲਾ, ਟੁਰਨੋਂ ਸੀ ਆਰੀ ਉਹ ।

www.archive.org/details/namdhari

ਆਖਰ ਇਉਂ ਕੁਦਰਤ ਨੇ, ਇਕ ਢੋ ਢੁਕਾਇਆ ਏ ।
ਇਕ ਸਿੱਖ ਚਿਟ-ਕਾਪੜੀਆ, ਦਾੜ੍ਹੀ ਸੂ ਦੁੱਧ ਜਿਹੀ ।
ਉਸ ਬੁੱਢੜੇ ਬਾਬੇ ਵਲ, ਉਹ ਭਜਿਆ ਆਇਆ ਏ ।

ਕੀਤੀ ਹਮਦਰਦੀ ਆ, "ਐਵੇਂ ਨਾ ਝੁਰ ਬਾਬਾ ।
ਮੈਂ ਤੇਰਾ ਪੁੱਤਰ ਹਾਂ," ਕਹਿ ਪੰਡ ਉਠਾ ਲੀਤੀ ।
ਫਿਰ ਬੋਲਿਆ ਬਾਬੇ ਨੂੰ, "ਚਲ ਘਰ ਨੂੰ ਟੁਰ ਬਾਬਾ ।"

ਤੱਕ ਬੁੱਢੜੇ ਮੋਚੀ ਨੇ, ਲੱਖ ਸ਼ੁਕਰ ਮਨਾਇਆ ਏ ।
ਦਿਲ ਦੇ ਵਿੱਚ ਕਹਿੰਦਾ ਏ, "ਇਹ ਬੰਦਾ ਬੰਦਾ ਨਹੀਂ ।
ਇਸ ਆਜਜ਼ ਬੰਦੇ ਲਈ, ਇਹ ਅੱਲਾ ਆਇਆ ਏ ।"

ਔਹ ! ਪਾਂਡੀ ਜਾਂਦਾ ਜੇ, ਕਿਹਾ ਸੋਹਣਾ ਲੱਗਦਾ ਏ ।
ਭਾਰੀ ਏ ਪੰਡ ਬੜੀ, ਪੈਂਡਾ ਵੀ ਚੋਖਾ ਏ ।
ਪਾਂਡੀ ਦੇ ਪਿੰਡੇ ਚੋਂ, ਪਿਆ ਮੁੜ੍ਹਕਾ ਵਗਦਾ ਏ ।

ਪੁੱਜ ਪਿਆ ਟਿਕਾਣੇ ਤੇ, ਮੋਚੀ ਦੇ ਘਰ ਆਇਆ ।
ਪੰਡ ਸੁਟਕੇ ਮੁੜਿਆ ਜਾਂ, ਜਾਂ ਓਥੋਂ ਤੁਰਨ ਲੱਗਾ ।
ਉਸ ਬੁੱਢੜੇ ਮੋਚੀ ਦਾ, ਦਿਲ ਡਾਢਾ ਭਰ ਆਇਆ ।

ਉਸ ਪਿਆਰੇ ਪਾਂਡੀ ਦੀ, ਉਸ ਸੋਹਣੇ ਪਾਂਡੀ ਦੀ ।
ਉਸ ਕੰਨੀ ਪਕੜ ਲਈ, ਮਨਮੋਹਣੇ ਪਾਂਡੀ ਦੀ ।
ਦਿਲਦਾਰੀ ਇਉਂ ਕੀਤੀ, ਦਿਲ-ਖੋਹਣੇ ਪਾਂਡੀ ਦੀ ।

"ਸਰਦਾਰਾ ! ਜੀਉਂਦਾ ਰਹੁ, ਕੀ ਨਾਂ ਹੈ ਦੱਸ ਤੇਰਾ ।
ਤੂੰ ਮੁੱਲ ਲੈ ਲੀਤਾ ਏ, ਇਸ ਬੁੱਢੜੇ ਮੋਚੀ ਨੂੰ ।
ਕਬਰਾਂ ਵਿੱਚ ਪੈ ਕੇ ਵੀ, ਗਾਵੇਗਾ ਯੱਸ ਤੇਰਾ ।"

ਉਸ ਹੀਰੇ ਪਾਂਡੀ ਨੇ, ਝਟ ਚਾਦਰ ਲਾਹ ਦਿੱਤੀ ।
ਬਰਦੀ ਵੀ ਸ਼ਾਹੀ ਏ, ਸਿਰ ਤੇ ਵੀ ਕਲਗੀ ਏ ।
ਬੁੱਢੜੇ ਦੇ ਦਿਲ ਅੰਦਰ, ਇਕ ਹਲਚਲ ਪਾ ਦਿੱਤੀ ।

www.archive.org/details/namdhari

"ਬਾਬਾ ਮੈਂ ਰਾਜਾ ਹਾਂ, ਨਾਂ ਹੈ 'ਰਣਜੀਤ' ਮੇਰਾ ।
ਨੇਕੀ ਹੈ ਕਾਰ ਮੇਰੀ, ਸਾਂਝਾ ਹੈ ਧਰਮ ਮੇਰਾ ।
ਪਰਜਾ ਲਈ ਜਾਨ ਦਿਆਂ, ਪੇਸ਼ਾ ਹੈ 'ਪ੍ਰੀਤ' ਮੇਰਾ ।

ਕਾਬਲ ਦੀਆਂ ਕੰਧਾਂ ਤਕ, ਮੈਂ ਪਾਉਂਦਾ ਘੂਕਰ ਹਾਂ ।
ਪਰ ਪਿਆਰੇ ਬਾਬਾ ਜੀ, ਪਰਜਾ ਦਾ ਕੂਕਰ ਹਾਂ।

Sri Satguru Jagjit Singh Ji eLibrary NamdhariElibrary@gmail.com